ਨੰ: 3/18/2018-3ਸਿ3/ 1202484/1

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਡੀ.ਏ.ਵੀ. ਗਲੋਬਲ ਸਕੂਲ (DAV Global School),
ਚਿਨਾਰ ਬਾਗ, ਜਿਲ੍ਹਾ ਪਟਿਆਲਾ

ਮਿਤੀ:ਚੰਡੀਗੜ੍ਹ: 07/5/18

ਵਿਸ਼ਾ: **ਡੀ.ਏ.ਵੀ. ਗਲੋਬਲ ਸਕੂਲ (DAV Global School), ਚਿਨਾਰ ਬਾਗ, ਜਿਲ੍ਹਾ ਪਟਿਆਲਾ ਨੂੰ ਸੀ.ਬੀ.ਐਸ.ਈ ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

******

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ), ਪਟਿਆਲਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।
4. **ਸੀ.ਬੀ.ਐਸ.ਈ** ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਦਾ ਸਹਿਯੋਗ ਵੀ ਦਿੱਤਾ ਜਾਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6. ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਸਬੰਧੀ ਸਮੇਂ -2 ਤੇ ਸਰਕਾਰ ਦੇ ਅਧਿਕਾਰੀਆਂ ਵਲੋਂ ਸਕੂਲ ਦੀ ਜਾਂਚ/ਮੁਲੰਕਣ ਕੀਤਾ ਜਾਵੇਗਾ। ਜੇਕਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਵਿੱਚ ਕੋਈ ਉਣਤਾਈ ਪਾਈ ਜਾਂਦੀ ਹੈ ਤਾਂ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲੈ ਲਿਆ ਜਾਵੇਗਾ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

ਪਿ:ਅੰ:ਨੰ: 3/18/2018-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾ ਦੇ **ਮੀਮੋ ਨੰ. 15/11-2018 ਗ੍ਰਾਂਟ-1(7)/377 ਮਿਤੀ 23.02.2018** ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. **ਡੀ.ਏ.ਵੀ. ਗਲੋਬਲ ਸਕੂਲ (DAV Global School), ਚਿਨਾਰ ਬਾਗ, ਜਿਲ੍ਹਾ ਪਟਿਆਲਾ** ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

**ਅੰਦਰੂਨੀ ਵੰਡ:**

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਹਾਇਕ/ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਹਾਇਕ/ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ, ਪੰਜਾਬ।
4. ਰਿਕਾਰਡਰ ਸਿੱਖਿਆ ਸ਼ਾਖਾ 3

**True translation from Punjabi to English Version**

No: 3/18/2018-3E3/1202424/1
Punjab Government
Education Department
(Branch Education-3)

To

The Principal
D.A.V. Global School
Chinar Bagh, District Patiala

Dated: Chandigarh: 04.4.18

Sub:- **Application for issuance of No Objection Certificate for taking the affiliation of D.A.V. Global School, Chinar Bagh, District Patiala with CBSE, New Delhi.**

Sir,

In regard to above said subject.

2. The document produced by the school management alongwith affidavit, and after considers the recommendations of District Education Officer (Sr. Sec.) Patiala and Director Education Department (Sr. Sec.), Punjab, Chandigarh, no objection certificate has been issued by the Punjab Government on below mentioned terms and conditions:-

1. If the fact comes out at the time of inspection/complaint that at the time of taking the No Objection Certificate application has been given on wrong facts to the Government and or not complied the directions which are issued time to time by the Punjab Government and not obeyed the terms and conditions written in the affidavit, in this case, this No objection certificate could be taken back.
2. It will be compulsory for your school to read Punjabi Language upto the level of 10th and **C.B.S.E** New Delhi will do the effort for taking examination of Punjabi in these schools and it is also pertinent to mention here that if failing which then No objection Certificate will be taken back immediately.
3. The school management will be committed the notifications which are issued by Education Department Punjab Government as per RTI Act 2009 and rules of RTI Act 2009 which are made for Punjab State.
4. After taking the affiliation from CBSE New Delhi, school management will be committed to pay the salary and other allowances etc. through Account

NOTARY CHARANJIT SINGH SIDHU Distt. Courts PATIALA (Pb.) Regd. No. 11511 GOVT. OF INDIA

NOTARY CHARANJIT SINGH SIDHU Distt. Courts PATIALA (Pb.) Regd. No. 11511 GOVT. OF INDIA

Payee cheques to teaching staff and Non-teaching staff like government employee. If failing which then in this case No objection Certificate will be taken back immediately.

5. You self and your management will ensure that if any information demanded by any senior authority of any Education Department or Education officer of your District then the necessary information will be provided to him and also given the necessary support. If failing which then in this case No objection Certificate will be taken back immediately.

6. Security of children, Public Health Sanitation and regarding the terms and conditions of issuance of other No objection certificates, will be inspected time to time by the authorities of Government. In any negligence has been found in any condition then at the time of issuance of No Objection Certificate then No Objection Certificate will be taken back.

Sd/-
**Special Secretary School**
Education

Ends. No. 3/18/2018-3E3/ Dated, Chandigarh:

Copy sent to Director Education Department (Sr. Sec.), Punjab, Chandigarh in reference to their memo No. 15/11-2018 Grant-1(7)/377 dated 23.02.2018 and requested that the inspection will be done of said school minimum one time out of every five years and its inspection report send to Government. To ensure the compliance from school regarding above said issued directions.

2. The file of DAV Global School, Chinar Bagh, District Patiala returned back in original form.

**Special Secretary School Education**

**Internal Circle:**

1. Personal Secretary/Education Minister, Punjab.
2. Personal Assistant/Secretary School Education, Punjab.
3. Personal Assistant/ Special Secretary School Education, Punjab.
4. Recorder Education Branch - 3

VALID INSIDE/OUT SIDE INDIA
TRUE TRANSLATION FROM
Punjabi ~~/Hindi / English / Urdu~~

Charanjit Singh Sidhu
NOTARY (Govt. of India)
Distt. PATIALA (Pb.)

07 JUL 2018

NOTARY GOVT. OF INDIA